**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ:30-03-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਆਯੋਜਿਤ ਇੱਕ ਸਮਾਗਮ ਵਿੱਚ ਸਾਬਕਾ ਪ੍ਰਧਾਨ ਮੰਤਰੀਆਂ ਪੀ.ਵੀ ਨਰਸਿਮਹਾ ਰਾਓ ਅਤੇ ਚੌਧਰੀ ਚਰਨ ਸਿੰਘ, ਖੇਤੀਬਾੜੀ ਵਿਗਿਆਨੀ M.S ਸਵਾਮੀਨਾਥਨ ਅਤੇ ਬਿਹਾਰ ਦੇ ਦੋ ਵਾਰ ਦੇ ਸਾਬਕਾ ਮੁੱਖ ਮੰਤਰੀ ਕਰਪੂਰੀ ਠਾਕੁਰ ਨੂੰ ਮਰਨ ਉਪਰੰਤ ਦੇਸ਼ ਦਾ ਸਰਵਉੱਚ ਨਾਗਰਿਕ ਸਨਮਾਨ 'ਭਾਰਤ ਰਤਨ' ਪ੍ਰਦਾਨ ਕੀਤਾ। ਰਾਸ਼ਟਰਪਤੀ ਭਲਕੇ ਨਵੀਂ ਦਿੱਲੀ ਵਿੱਚ ਸਾਬਕਾ ਉਪ ਪ੍ਰਧਾਨ ਮੰਤਰੀ ਅਤੇ BJP ਦੇ ਸੀਨੀਅਰ ਨੇਤਾ ਲਾਲ ਕ੍ਰਿਸ਼ਨ ਅਡਵਾਨੀ ਨੂੰ ਦੇਸ਼ ਦਾ ਸਰਵਉੱਚ ਨਾਗਰਿਕ ਪੁਰਸਕਾਰ ਪ੍ਰਦਾਨ ਕਰਨਗੇ। ਉਪ-ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਅਤੇ ਹੋਰ ਪਤਵੰਤੇ ਇਸ ਸਮਾਗਮ 'ਚ ਮੌਜੂਦ ਰਹੇ।

---------------------------------------------------

ਚੋਣ ਕਮਿਸ਼ਨ ਨੇ ਲੋਕ ਸਭਾ ਅਤੇ ਚਾਰ ਰਾਜਾਂ ਦੀਆਂ ਵਿਧਾਨ ਸਭਾਵਾਂ ਚੋਣਾਂ ਲਈ ਵੋਟਾਂ ਪੈਣ ਸਮੇਂ 19 ਅਪ੍ਰੈਲ ਨੂੰ ਸਵੇਰੇ 7 ਵਜੇ ਤੋਂ ਪਹਿਲੀ ਜੂਨ ਸ਼ਾਮ ਸਾਢੇ 6 ਵਜੇ ਤੱਕ ਐਗਜ਼ਿਟ ਪੋਲ ਦੇ ਸੰਚਾਲਨ, ਪ੍ਰਕਾਸ਼ਨ ਜਾਂ ਪ੍ਰਚਾਰ 'ਤੇ ਪਾਬੰਦੀ ਲਗਾ ਦਿੱਤੀ ਏ। ਚੋਣ ਕਮਿਸ਼ਨ ਨੇ ਜਾਰੀ ਨੋਟੀਫਿਕੇਸ਼ਨ 'ਚ ਇਹ ਵੀ ਸਪੱਸ਼ਟ ਕੀਤਾ ਕਿ ਲੋਕ ਨੁਮਾਇੰਦਗੀ ਐਕਟ ਦੇ ਉਪਬੰਧਾਂ ਦੇ ਤਹਿਤ 48 ਘੰਟਿਆਂ ਦੌਰਾਨ, ਕਿਸੇ ਵੀ ਇਲੈਕਟ੍ਰਾਨਿਕ ਮੀਡੀਆ 'ਚ ਕਿਸੇ ਵੀ ਓਪੀਨੀਅਨ ਪੋਲ ਜਾਂ ਕਿਸੇ ਹੋਰ ਚੋਣ ਸਰਵੇਖਣ ਦੇ ਨਤੀਜਿਆਂ ਸਮੇਤ ਕਿਸੇ ਵੀ ਚੋਣ ਮਾਮਲੇ ਨੂੰ ਪ੍ਰਦਰਸ਼ਿਤ ਕਰਨ ਦੀ ਮਨਾਹੀ ਹੋਵੇਗੀ । ਲੋਕ ਸਭਾ ਚੋਣਾਂ ਤੋਂ ਇਲਾਵਾ ਆਂਧਰਾ ਪ੍ਰਦੇਸ਼, ਅਰੁਣਾਚਲ ਪ੍ਰਦੇਸ਼, ਓਡੀਸ਼ਾ ਅਤੇ ਸਿੱਕਮ ਦੀਆਂ ਵਿਧਾਨ ਸਭਾਵਾਂ ਦੀਆਂ ਚੋਣਾਂ ਹੋਣ ਜਾ ਰਹੀਆਂ ਨੇ। ਇਸ ਦੌਰਾਨ 12 ਰਾਜਾਂ ਦੇ 25 ਵਿਧਾਨ ਸਭਾ ਹਲਕਿਆਂ ਲਈ ਜ਼ਿਮਨੀ ਚੋਣ ਵੀ ਹੋ ਰਹੀ ਵੀ ਏ।

---------------------------------------------------

ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੁਸ਼ੀਲ ਸ਼ਰਮਾ

ਦੀ ਪ੍ਰਧਾਨਗੀ ਹੇਠ, ਜ਼ਿਲ੍ਹਾ BJP ਵੱਲੋਂ ਸੰਸਦ ਮੈਂਬਰ ਸੁਸ਼ੀਲ ਰਿੰਕੂ ਅਤੇ ਪੱਛਮੀ ਵਿਧਾਨ ਸਭਾ ਜਲੰਧਰ ਤੋਂ ਵਿਧਾਇਕ ਸ਼ੀਤਲ ਅੰਗੁਰਾਲ ਦੇ BJP ਵਿੱਚ ਸ਼ਾਮਲ ਹੋਣ ਮਗਰੋਂ, ਉਨ੍ਹਾਂ ਦੇ ਜਲੰਧਰ ਪਹੁੰਚਣ ’ਤੇ ਕਲ ਸ਼ਾਮ ਸ਼ਹਿਰ ਵਿੱਚ ਇੱਕ ਵਿਸ਼ਾਲ ਰੋਡ ਸ਼ੋਅ ਕੀਤਾ ਗਿਆ। ਇਹ ਰੋਡ ਸ਼ੋਅ ਵਰਕਸ਼ਾਪ ਚੌਕ ਤੋਂ ਸ਼ੁਰੂ ਹੋ ਕੇ ਭਗਵਾਨ ਬਾਲਮੀਕੀ ਚੌਕ ਤੋਂ ਹੁੰਦਾ ਹੋਇਆ, ਬਾਬਾ ਸਾਹਿਬ ਅੰਬੇਡਕਰ ਚੌਕ ਵਿਖੇ ਸਮਾਪਤ ਹੋਇਆ। ਇਸ ਮੌਕੇ BJP ਦੇ ਸੂਬਾ ਮੀਤ ਪ੍ਰਧਾਨ ਕੇ. ਡੀ. ਭੰਡਾਰੀ ਤੇ ਜ਼ਿਲ੍ਹਾ ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਅਤੇ ਹੋਰ ਕਈ ਆਗੂ ਮੌਜੂਦ ਰਹੇ। ਇਸ ਰੋਡ ਸ਼ੋਅ ਵਿੱਚ ਵੱਡੀ ਗਿਣਤੀ ਵਿੱਚ BJP ਵਰਕਰਾਂ ਨੇ ਸੜਕ ਕਿਨਾਰੇ ਇਕੱਠੇ ਹੋ ਕੇ ਉਨ੍ਹਾਂ ’ਤੇ ਫੁੱਲਾਂ ਦੀ ਵਰਖਾ ਕੀਤੀ। ਰੋਡ ਸ਼ੋਅ ਦੇ ਅੰਤ ਵਿੱਚ, ਬਾਬਾ ਸਾਹਿਬ ਡਾਕਟਰ ਬੀ ਆਰ ਅੰਬੇਡਕਰ ਦੀ ਮੂਰਤੀ ’ਤੇ ਫੁੱਲ ਮਾਲਾਵਾਂ ਚੜ੍ਹਾਈਆਂ ਗਈਆਂ। ਇਸ ਮੌਕੇ ਸੰਸਦ ਮੈਂਬਰ ਸੁਸ਼ੀਲ ਰਿੰਕੂ ਨੇ ਕਿਹਾ ਕਿ ਜਲੰਧਰ ਵਿੱਚੋਂ ਭ੍ਰਿਸ਼ਟਾਚਾਰ, ਗੁੰਡਾਗਰਦੀ ਅਤੇ ਨਸ਼ਿਆਂ ਦਾ ਹਨੇਰਾ ਦੂਰ ਹੋ ਜਾਵੇਗਾ ਅਤੇ BJP ਦੀ ਕੇਂਦਰ ਸਰਕਾਰ ਨੇ ਗਰੀਬ, ਅਨੁਸੂਚਿਤ ਵਰਗ, ਵਾਂਝੇ ਅਤੇ ਦਿਵੀਆਂਗ ਸਮਾਜ ਨੂੰ ਪਹਿਲ

ਦਿੱਤੀ ਏ। ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ ਨੇ ਕਿਹਾ ਕਿ ਇਸ ਰੋਡ ਸ਼ੋਅ ਨੇ, ਵਿਰੋਧੀਆਂ ਦੀ ਰਾਤਾਂ ਦੀ ਨੀਂਦ ਉਡਾ ਦਿੱਤੀ ਏ।

----------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਲ ਹੋਏ ਜਨਰਲ ਇਜਲਾਸ ਦੌਰਾਨ, ਸਾਲ 2024-25 ਲਈ 1260 ਕਰੋੜ 97 ਲੱਖ 38 ਹਜ਼ਾਰ ਰੁਪਏ ਦਾ ਬਜਟ ਪਾਸ ਕੀਤਾ ਗਿਆ। ਅੰਮ੍ਰਿਤਸਰ ਵਿਖੇ ਸ਼੍ਰੋਮਣੀ ਕਮੇਟੀ ਦਫ਼ਤਰ ਦੇ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿਚ ਹੋਏ ਇਸ ਇਜਲਾਸ ਵਿਚ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ, ਭਾਈ ਰਾਜਿੰਦਰ ਸਿੰਘ ਮਹਿਤਾ ਨੇ ਬਜਟ ਪੇਸ਼ ਕੀਤਾ, ਜਿਸ ਨੂੰ ਹਾਜ਼ਰ ਮੈਂਬਰਾਂ ਨੇ ਪ੍ਰਵਾਨਗੀ ਦਿੱਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਸਮੇਤ ਕਮੇਟੀ ਮੈਂਬਰ ਮੌਜੂਦ ਸਨ। ਮਗਰੋਂ ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਰਜਿੰਦਰ ਸਿੰਘ

ਧਾਮੀ ਨੇ ਜਨਰਲ ਬਜਟ ਨੂੰ ਸੰਤੁਲਤ ਕਰਾਰ ਦਿੱਤਾ। ਉਨ੍ਹਾਂ ਦੱਸਿਆ ਕਿ ਇਸ ਵਾਰ ਪਿਛਲੇ ਬਜਟ ਨਾਲੋਂ 14 ਫੀਸਦੀ ਵਾਧਾ ਦਰਜ ਕੀਤਾ ਗਿਆ ਏ।

---------------------------------------------------------------

ਪੰਜਾਬ ਪੁਲਿਸ ਦੇ ਸਟੇਟ ਸਪੈਸ਼ਲ ਆਪਰੇਟਿੰਗ ਸੈੱਲ ਮੋਹਾਲੀ ਨੇ ਵੱਡੀ ਸਫ਼ਲਤਾ ਹਾਸਲ ਕਰਦਿਆਂ, ਅਮਰੀਕਾ - ਅਧਾਰਿਤ ਚੌੜਾ ਮਧਰੇ ਗੈਂਗ ਦੇ ਪਵਿਤਰ ਚੌੜਾ ਅਤੇ ਹੁਸਨਦੀਪ ਸਿੰਘ ਵੱਲੋਂ ਚਲਾਏ ਜਾ ਰਹੇ ਅਪਰਾਧਿਕ ਨੈਟਵਰਕ ਦੇ ਤਿੰਨ ਮੁੱਖ ਸੰਚਾਲਕਾਂ ਨੂੰ ਗ੍ਰਿਫ਼ਤਾਰ ਕਰਕੇ, ਇਸ ਨੈਟਵਰਕ ਦਾ ਪਰਦਾਫਾਸ਼ ਕੀਤਾ ਏ। ਪੁਲਿਸ ਵੱਲੋਂ ਉਨ੍ਹਾਂ ਕੋਲੋਂ 30 ਬੋਰ ਚੀਨੀ ਪਿਸਤੌਲ ਸਮੇਤ 15 ਕਾਰਤੂਸ ਬਰਾਮਦ ਕੀਤੇ ਗਏ ਨੇ। ਪੰਜਾਬ ਦੇ ਡਾਇਰੈਕਟਰ ਜਨਰਲ ਪੁਲਿਸ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਪਿੰਡ ਖੱਖ ਵਾਸੀ ਲਵਜੀਤ ਸਿੰਘ ਉਰਫ਼ ਲਵ ਖੱਖ, ਗੋਇੰਦਵਾਲ ਸਾਹਿਬ ਵਾਸੀ ਗੁਰਸੇਵਕ ਸਿੰਘ ਉਰਫ਼ ਬੰਬ ਅਤੇ ਫ਼ਤਹਿਗੜ੍ਹ ਸਾਹਿਬ ਦੇ ਬਹਾਦਰ ਖ਼ਾਨ ਉਰਫ਼ ਖ਼ਾਨ ਭਗ-ੜਾਣਾ ਵਜੋਂ ਕੀਤੀ ਗਈ ਏ। ਉਨਾਂ ਦੱਸਿਆ ਕਿ

ਗ੍ਰਿਫ਼ਤਾਰ ਤਿੰਨੋਂ ਵਿਅਕਤੀ ਕਤਲ, ਇਰਾਦਾ ਕਤਲ, ਡਕੈਤੀ, ਅਸਲਾ ਐਕਟ, ਨਸ਼ਿਆਂ ਨੂੰ ਰੋਕਣ ਬਾਰੇ ਕਾਨੂੰਨ ਸਮੇਤ ਕਈ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਸਨ ਅਤੇ ਗ੍ਰਿਫ਼ਤਾਰੀ ਤੋਂ ਬਚਣ ਲਈ ਆਪਣੀ ਅਸਲ ਪਛਾਣ ਛੁਪਾ ਕੇ ਮੁਹਾਲੀ ਵਿੱਚ ਰਹਿ ਰਹੇ ਸਨ ।

-----------------------------------------------------------

ਪੰਜਾਬ ਦੇ ਵੱਖ ਵੱਖ ਹਿੱਸਿਆਂ ਵਿਚ ਬੀਤੀ ਦੇਰ ਰਾਤ ਹਨੇਰੀ ਝੱਖੜ ਝੁਲਿਆ ਅਤੇ ਹਲਕੇ ਤੋਂ ਭਾਰੀ ਮੀਂਹ ਪਿਆ ਏ। ਇਸ ਨਾਲ ਜਲੰਧਰ ਸਮੇਤ ਕਈ ਸ਼ਹਿਰਾਂ ਦੇ ਅਨੇਕਾਂ ਇਲਾਕਿਆਂ ਵਿਚ ਬਿਜਲੀ ਸਪਲਾਈ ਪ੍ਰਭਾਵਤ ਹੋਈ ਏ। ਬਿਜਲੀ ਗੁਲ ਹੋਣ ਨਾਲ ਕਈ ਥਾਵਾਂ ਤੇ ਪਾਣੀ ਦੀ ਸਪਲਾਈ ਵਿਚ ਵੀ ਰੁਕਾਵਟ ਆਈ ਏ। ਕੋਈ 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਤੇਜ਼ ਹਵਾਵਾਂ ਵਗਦੀਆਂ ਰਹੀਆਂ ਜਿਸ ਨਾਲ ਕੁਝ ਥਾਵਾਂ ਤੇ ਰੁੱਖ ਵੀ ਉੱਖੜ ਗਏ ਨੇ। ਲੁਧਿਆਣਾ ਵਿਚ ਸਬ ਤੋਂ ਵੱਧ ਮੀਂਹ 15.4 ਮਿਲੀ-ਮੀਟਰ ਦਰਜ਼ ਕੀਤਾ ਗਿਆ ਜਦਕਿ ਗੁਰਦਾਸਪੁਰ ਵਿਚ 10.5 ਅਤੇ ਮੋਗਾ ਜ਼ਿਲੇ ਵਿਚ 10 ਮਿਲੀ-ਮੀਟਰ ਮੀਂਹ ਪਿਆ ਏ। ਮੌਸਮ ਵਿਭਾਗ ਨੇ ਕਈ ਜ਼ਿਲਿਆਂ ਲਈ ਯੈਲੋ ਅਲਰਟ

ਜਾਰੀ ਕਰਦਿਆਂ ਕਿਸਾਨਾਂ ਨੂੰ ਆਪਣੀ ਵੱਡੀ ਗਈ ਫਸਲ ਨੂੰ ਸੁਰੱਖਿਅਤ ਥਾਵਾਂ ਤੇ ਰੱਖਣ ਦੀ ਸਲਾਹ ਦਿੱਤੀ ਏ।